08-Dec-Punjab-3-8-3ST-Star.qxd 12/8/2024 8:32 PM Page 3

ਜਾਗੋ ਸਮਾਗਮ ’ਚ ਚੱਲੀ ਗੋਲੀ ਨਾਲ ਇਕ ਨੌਜਵਾਨ ਜ਼ਖ਼ਮੀ

ਮਾਮਲੇ ਦੀ ਤਹਿ ਤੱਕ ਜਾਣ ਦੀ ਬਜਾਏ ਪੁਲਿਸ ਦਬਾਉਣ ’ਚ ਲੱਗੀ

ਲੁਧਿਆਣਾ, 8 ਦਸੰਬਰ (ਪਰਮਿੰਦਰ ਸਿੰਘ ਆਹੂਜਾ)-ਥਾਣਾ ਸਦਰ ਦੇ ਘੇਰੇ ਅੰਦਰ ਪੈਂਦੇ ਇਲਾਕੇ ਈਸ਼ਵਰ ਕਾਲੋਨੀ ’ਚ ਬੀਤੀ ਦੇਰ ਰਾਤ ਜਾਗੋ ਸਮਾਗਮ ਦੌਰਾਨ ਨੌਜਵਾਨਾਂ ਵਿਚਾਲੇ ਹੋਈ ਲੜਾਈ ’ਚ ਗੋਲੀ ਚੱਲਣ ਕਾਰਨ ਇਕ ਨੌਜਵਾਨ ਜ਼ਖ਼ਮੀ ਹੋ ਗਿਆ ਹੈ। ਪੁਲਿਸ ਵਲੋਂ ਮਾਮਲੇ ਦੀ ਤਹਿ ਤੱਕ ਜਾਣ ਦੀ ਬਜਾਏ ਮਾਮਲੇ ਨੂੰ ਦਬਾਉਣ ਵਿਚ ਹੀ ਲੱਗੀ ਰਹੀ। ਜਾਣਕਾਰੀ ਅਨੁਸਾਰ ਜ਼ਖ਼ਮੀ ਹੋਏ ਨੌਜਵਾਨ ਦੀ ਸ਼ਨਾਖ਼ਤ ਬਲਵਿੰਦਰ ਸਿੰਘ ਵਜੋਂ ਕੀਤੀ ਗਈ ਹੈ, ਉਸ ਨੂੰ ਇਲਾਜ ਲਈ ਹਸਪਤਾਲ ਦਾਖਲ ਕਰਵਾਇਆ ਗਿਆ ਹੈ। ਬੀਤੀ ਦੇਰ ਰਾਤ ਬਲਵਿੰਦਰ ਸਿੰਘ ਈਸ਼ਵਰ ਕਾਲੋਨੀ ’ਚ ਆਪਣੇ ਇਕ ਦੋਸਤ ਦੇ ਘਰ ਜਾਗੋ ਦੇ ਸਮਾਗਮ ਵਿਚ ਗਿਆ ਸੀ ਕਿ ਉਥੇ ਮੌਜੂਦ ਕੁਝ ਨੌਜਵਾਨਾਂ ਨਾਲ ਉਸ ਦਾ ਝਗੜਾ ਹੋ ਗਿਆ। ਇਨ੍ਹਾਂ ਨੌਜਵਾਨਾਂ ਵਲੋਂ ਆਪਣੇ ਕੋਲ ਰੱਖੀ ਪਿਸਤੌਲ ਕੱਢ ਲਈ ਤੇ ਗੋਲੀਆਂ ਚਲਾਉਣੀਆਂ ਸ਼ੁਰੂ ਕਰ ਦਿੱਤੀਆਂ। ਗੋਲੀ ਬਲਵਿੰਦਰ ਸਿੰਘ ਦੇ ਲੱਗੀ ਅਤੇ ਲਹੂ-ਲੁਹਾਨ ਹੋਇਆ, ਉਹ ਉਥੇ ਹੀ ਡਿਗ ਪਿਆ। ਗੰਭੀਰ ਹਾਲਤ ’ਚ ਉਸ ਨੂੰ ਹਸਪਤਾਲ ਦਾਖਲ ਕਰਵਾਇਆ ਗਿਆ ਹੈ। ਦੇਰ ਸ਼ਾਮ ਪੁਲਿਸ ਵਲੋਂ ਇਸ ਮਾਮਲੇ ’ਚ ਮਾਮੂਲੀ ਧਾਰਾਵਾਂ ਤਹਿਤ ਕੇਸ ਦਰਜ ਕਰ ਲਿਆ ਗਿਆ ਸੀ, ਪਰ ਨਾਮਜ਼ਦ ਦੋਸ਼ੀਆਂ ਦੀ ਗ੍ਰਿਫ਼ਤਾਰੀ ਸੰਭਵ ਨਹੀਂ ਹੋ ਸਕੀ ਸੀ। ਹਾਲਾਂਕਿ ਗੋਲੀ ਚੱਲਣ ਦੀ ਇਸ ਘਟਨਾ ਕਾਰਨ ਇਲਾਕਾ ’ਚ ਡਰ ਅਤੇ ਦਹਿਸ਼ਤ ਦਾ ਮਾਹੌਲ ਪਾਇਆ ਜਾ ਰਿਹਾ ਹੈ, ਪਰ ਪੁਲਿਸ ਵਲੋਂ ਕੋਈ ਕਾਰਵਾਈ ਨਹੀਂ ਕੀਤੀ ਜਾ ਰਹੀ, ਜਿਸ ਕਾਰਨ ਲੋਕਾਂ ’ਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਜ਼ਖ਼ਮੀ ਹੋਇਆ ਨੌਜਵਾਨ ਗੁਰੂ ਅੰਗਦ ਦੇਵ ਕਾਲੋਨੀ ਦਾ ਰਹਿਣ ਵਾਲਾ ਹੈ।

ਜ਼ਖ਼ਮੀ ਹੋਇਆ ਨੌਜਵਾਨ ਹਸਪਤਾਲ ’ਚ ਜ਼ੇਰੇ ਇਲਾਜ। ਅਜੀਤ ਤਸਵੀਰ

ਸਰਪੰਚ ਦੇ ਕਤਲ ਦੀ ਸਾਜਿਸ਼ ਪੁਲਿਸ ਨੇ ਕੀਤੀ ਨਾਕਾਮ

ਪੰਜ ਖ਼ਿਲਾਫ਼ ਕੇਸ ਦਰਜ, ਦੋ ਹਥਿਆਰਾਂ ਸਮੇਤ ਕਾਬੂ

ਲੁਧਿਆਣਾ, 8 ਦਸੰਬਰ (ਪਰਮਿੰਦਰ ਸਿੰਘ ਆਹੂਜਾ)-ਪੁਲਿਸ ਨੇ ਸਰਪੰਚ ਨੂੰ ਕਤਲ ਕਰਨ ਦੀ ਸਾਜ਼ਿਸ਼ ਨੂੰ ਬੇਨਕਾਬ ਕਰਦਿਆਂ ਦੋ ਨੌਜਵਾਨਾਂ ਨੂੰ ਹਥਿਆਰਾਂ ਸਮੇਤ ਕਾਬੂ ਕੀਤਾ ਹੈ, ਜਦ ਕਿ ਇਨ੍ਹਾਂ ਦੇ ਤਿੰਨ ਹੋਰ ਸਾਥੀਆਂ ਦੀ ਪੁਲਿਸ ਵਲੋਂ ਭਾਲ ਕੀਤੀ ਜਾ ਰਹੀ ਹੈ। ਇਸ ਸੰਬੰਧੀ ਡੀ. ਸੀ. ਪੀ. ਸ਼ੁਭਮ ਅਗਰਵਾਲ ਨੇ ਦੱਸਿਆ ਕਿ ਪੁਲਿਸ ਵਲੋਂ ਇਹ ਕਾਰਵਾਈ ਏ. ਡੀ. ਸੀ. ਪੀ. ਅਮਨਦੀਪ ਸਿੰਘ ਬਰਾੜ ਦੀ ਅਗਵਾਈ ਹੇਠ ਅਮਲ ’ਚ ਲਿਆਂਦੀ ਹੈ ਤੇ ਇਸ ਸੰਬੰਧੀ ਪੁਲਿਸ ਵਲੋਂ ਜਸ਼ਨਦੀਪ ਸਿੰਘ ਉਰਫ ਜਸ਼ਨ ਪੁੱਤਰ ਜਗਦੀਪ ਸਿੰਘ ਵਾਸੀ ਪਿੰਡ ਲਲਤੋਂ, ਗਗਨਦੀਪ ਸਿੰਘ ਉਰਫ ਗਗਨ ਪੁੱਤਰ ਸੁਰਜੀਤ ਸਿੰਘ ਵਾਸੀ ਪਿੰਡ ਲਲਤੋਂ ਵਜੋਂ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਇਹਨਾਂ ਦੋਵਾਂ ਦੀ ਉਮਰ 22 ਸਾਲ ਦੇ ਕਰੀਬ ਹੈ। ਪੁਲਿਸ ਨੇ ਇਨ੍ਹਾਂ ਦੇ ਕਬਜ਼ੇ ’ਚੋਂ ਤਿੰਨ ਪਿਸਤੌਲ, 6 ਰੌਂਦ ਤੇ ਇਕ ਥਾਰ ਕਾਰ ਬਰਾਮਦ ਕੀਤੀ ਹੈ। ਉਨ੍ਹਾਂ ਦੱਸਿਆ ਕਿ ਉਕਤ ਦੋਵਾਂ ਕਥਿਤ ਦੋਸ਼ੀਆਂ ਦੀ ਪਿੰਡ ਦੇ ਮੌਜੂਦਾ ਸਰਪੰਚ ਨਾਲ ਰੰਜਿਸ਼ ਚੱਲ ਰਹੀ ਸੀ। ਉਨ੍ਹਾਂ ਦੱਸਿਆ ਕਿ ਜਸ਼ਨਦੀਪ ਸਿੰਘ ਉਰਫ ਜਸ਼ਨ ਸਰਪੰਚੀ ਦੀਆਂ ਚੋਣਾਂ ’ਚ ਜਦੋਂ ਪੋਲੀਟੈਕਨੀਕਲ ਕਾਲਜ ਰਿਸ਼ੀ ਨਗਰ ਫਾਰਮ ਭਰਨ ਗਿਆ ਤਾਂ ਉਥੇ ਇਸ ਦੀ ਦੂਜੀ ਧਿਰ ਨਾਲ ਲੜਾਈ ਹੋ ਗਈ, ਜਿਸ ਕਾਰਨ ਇਹ ਉਸ ਨਾਲ ਰੰਜਿਸ਼ ਰੱਖਣ ਲੱਗ ਪਿਆ। ਉਸ ਦੀ ਵਿਰੋਧੀ ਧਿਰ ਚੋਣਾਂ ’ਚ ਜਿੱਤ ਗਈ, ਜਿਸ ਕਾਰਨ ਇਨ੍ਹਾਂ ਨੇ ਮੌਜੂਦਾ ਸਰਪੰਚ ਨੂੰ ਕਤਲ ਕਰਨ ਦੀ ਯੋਜਨਾ ਬਣਾਈ। ਉਨ੍ਹਾਂ ਦੱਸਿਆ ਕਿ ਇਸ ਲਈ ਇਨ੍ਹਾਂ ਨੇ ਆਪਣੇ ਦੋਸਤਾਂ ਆਕਾਸ਼ ਉਰਫ ਪੰਨੂ, ਗਗਨਦੀਪ ਸਿੰਘ ਉਰਫ ਗੱਗੂ ਉਰਫ ਰਾਵਣ ਉਰਫ ਗਿਆਨੀ ਤੇ ਕੇਤਨ ਵਾਸੀ ਹਰਿਆਣਾ ਨਾਲ ਸੰਪਰਕ ਕੀਤਾ, ਜਿਨ੍ਹਾਂ ਨੇ ਇਨ੍ਹਾਂ ਨੂੰ ਉਕਤ ਹਥਿਆਰ ਸਪਲਾਈ ਕਰਵਾ ਦਿੱਤੇ। ਉਨ੍ਹਾਂ ਦੱਸਿਆ ਕਿ ਪੁਲਿਸ ਨੂੰ ਸੂਚਨਾ ਮਿਲਣ ’ਤੇ ਜਦੋਂ ਪੁਲਿਸ ਨੇ ਪੱਖੋਵਾਲ ਰੋਡ ਸਥਿਤ ਹੈਰੀਟੇਜ ਵਿਲਾ ਨੇੜੇ ਛਾਪਾਮਾਰੀ ਕੀਤੀ ਤਾਂ ਇਨ੍ਹਾਂ ਦੋਵਾਂ ਨੂੰ ਹਥਿਆਰਾਂ ਸਮੇਤ ਕਾਬੂ ਕਰ ਲਿਆ, ਜਦ ਕਿ ਇਨ੍ਹਾਂ ਦੇ ਬਾਕੀ ਤਿੰਨ ਸਾਥੀਆਂ ਦੀ ਭਾਲ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਜਸ਼ਨਦੀਪ ਸਿੰਘ ਉਰਫ ਜਸ਼ਨ ਖ਼ਿਲਾਫ਼ ਪਹਿਲਾਂ ਵੀ ਇਕ ਅਪਰਾਧਿਕ ਮਾਮਲਾ ਦਰਜ ਹੈ, ਜਦ ਕਿ ਆਕਾਸ਼ ਉਰਫ ਪੰਨੂ ਖ਼ਿਲਾਫ਼ ਪੰਜਾਬ ਦੇ ਵੱਖ-ਵੱਖ ਸ਼ਹਿਰਾਂ ’ਚ ਸੱਤ ਮਾਮਲੇ ਦਰਜ ਹਨ ਅਤੇ ਇਹ ਨਾਭਾ ਜੇਲ੍ਹ ਤੋਂ ਦੋ ਸਾਲ ਪਹਿਲਾਂ ਹੀ ਜ਼ਮਾਨਤ ’ਤੇ ਬਾਹਰ ਆਇਆ ਹੈ, ਜਦ ਕਿ ਗਗਨਦੀਪ ਸਿੰਘ ਉਰਫ ਗੱਗੂ ਖ਼ਿਲਾਫ਼ ਵੀ ਇਕ ਮਾਮਲਾ ਦਰਜ ਹੈ, ਜਿਸ ’ਤੇ ਕਿ ਉਹ ਜ਼ਮਾਨਤ ’ਤੇ ਹੈ। ਉਨ੍ਹਾਂ ਦੱਸਿਆ ਕਿ ਪੁਲਿਸ ਵਲੋਂ ਇਨ੍ਹਾਂ ਪਾਸੋਂ ਹੋਰ ਵੀ ਪੁੱਛ ਪੜਤਾਲ ਕੀਤੀ ਜਾ ਰਹੀ ਹੈ, ਕਈ ਹੋਰ ਪ੍ਰਗਟਾਵੇ ਹੋਣ ਦੀ ਸੰਭਾਵਨਾ ਹੈ।

ਕਾਬੂ ਕੀਤੇ ਕਥਿਤ ਦੋਸ਼ੀਆਂ ਬਾਰੇ ਜਾਣਕਾਰੀ ਦਿੰਦਿਆਂ ਪੁਲਿਸ ਅਧਿਕਾਰੀ। ਤਸਵੀਰ : ਸੇਵਕ ਸਿੰਘ

ਰਿਕਾਰਡ ਨੂੰ ਖ਼ੁਰਦ-ਬੁਰਦ ਕਰਨ ਵਾਲੇ ਹੈੱਡ ਕਾਂਸਟੇਬਲ ਖ਼ਿਲਾਫ਼ ਕੇਸ ਦਰਜ

ਲੁਧਿਆਣਾ, 8 ਦਸੰਬਰ (ਪਰਮਿੰਦਰ ਸਿੰਘ ਆਹੂਜਾ)-ਥਾਣਾ ਸਲੇਮ ਟਾਬਰੀ ਦੀ ਪੁਲਿਸ ਨੇ ਰਿਕਾਰਡ ਨੂੰ ਖੁਰਦ ਕਰਨ ਵਾਲੇ ਹੈੱਡ ਕਾਂਸਟੇਬਲ ਖ਼ਿਲਾਫ਼ ਵੱਖ-ਵੱਖ ਸੰਗੀਨ ਧਾਰਾਵਾਂ ਤਹਿਤ ਕੇਸ ਦਰਜ ਕੀਤਾ ਹੈ। ਪੁਲਿਸ ਵਲੋਂ ਇਹ ਕਾਰਵਾਈ ਥਾਣਾ ਸਲੇਮ ਟਾਬਰੀ ਦੇ ਐਸ. ਐਚ. ਓ. ਇੰਸਪੈਕਟਰ ਬਿਟਨ ਕੁਮਾਰ ਦੀ ਸ਼ਿਕਾਇਤ ’ਤੇ ਅਮਲ ’ਚ ਲਿਆਂਦੀ ਹੈ ਤੇ ਇਸ ਸੰਬੰਧੀ ਪੁਲਿਸ ਨੇ ਹੈੱਡ ਕਾਂਸਟੇਬਲ ਬਲਵਿੰਦਰ ਰਾਮ ਖ਼ਿਲਾਫ਼ ਵੱਖ-ਵੱਖ ਧਾਰਾਵਾਂ ਤਹਿਤ ਕੇਸ ਦਰਜ ਕੀਤਾ ਹੈ। ਪੁਲਿਸ ਕੋਲ ਲਿਖਵਾਈ ਮੁੱਢਲੀ ਰਿਪੋਰਟ ’ਚ ਸ਼ਿਕਾਇਤਕਰਤਾ ਨੇ ਦੱਸਿਆ ਕਿ ਉਕਤ ਦੋਸ਼ੀ ਵਲੋਂ ਨਾਜਾਇਜ਼ ਸ਼ਰਾਬ ਦੇ ਇਕ ਮਾਮਲੇ ਵਿਚ ਰਿਕਾਰਡ ਨੂੰ ਖੁਰਦ ਬੁਰਦ ਕੀਤਾ ਗਿਆ ਹੈ। ਪੁਲਿਸ ਵਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ, ਪਰ ਹਾਲ ਦੀ ਘੜੀ ਇਸ ਮਾਮਲੇ ’ਚ ਕੋਈ ਗ੍ਰਿਫ਼ਤਾਰੀ ਨਹੀਂ ਕੀਤੀ ਗਈ ਹੈ।

ਕਾਬੂ ਕੀਤੇ ਕਥਿਤ ਦੋਸ਼ੀ ਬਾਰੇ ਜਾਣਕਾਰੀ ਦਿੰਦਿਆਂ ਪੁਲਿਸ ਅਧਿਕਾਰੀ। ਅਜੀਤ ਤਸਵੀਰ

ਨਸ਼ੀਲੇ ਪਦਾਰਥਾਂ ਦਾ ਤਸਕਰ ਕਿੱਲੋ ਅਫ਼ੀਮ ਸਮੇਤ ਕਾਬੂ

ਲੁਧਿਆਣਾ, 8 ਦਸੰਬਰ (ਪਰਮਿੰਦਰ ਸਿੰਘ ਆਹੂਜਾ)-ਰੇਲਵੇ ਪੁਲਿਸ ਨੇ ਨਸ਼ੀਲੇ ਪਦਾਰਥਾਂ ਖ਼ਿਲਾਫ਼ ਚਲਾਈ ਮੁਹਿੰਮ ਤਹਿਤ ਇਕ ਨੌਜਵਾਨ ਨੂੰ ਕਾਬੂ ਕਰਕੇ ਉਸ ਦੇ ਕਬਜ਼ੇ ’ਚੋਂ ਇਕ ਕਿੱਲੋ ਅਫ਼ੀਮ ਬਰਾਮਦ ਕੀਤੀ ਹੈ। ਇਸ ਸੰਬੰਧੀ ਸੀ. ਆਈ. ਏ. ਸਟਾਫ਼ ਰੇਲਵੇ ਦੇ ਇੰਚਾਰਜ ਜੀਵਨ ਸਿੰਘ ਨੇ ਦੱਸਿਆ ਕਿ ਕਾਬੂ ਕੀਤੇ ਕਥਿਤ ਦੋਸ਼ੀ ਦੀ ਸ਼ਨਾਖਤ ਆਕਾਸ਼ ਪੁੱਤਰ ਕੈਲਾਸ਼ ਚੰਦ ਵਾਸੀ ਉੱਤਰ ਪ੍ਰਦੇਸ਼ ਵਜੋਂ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਕਥਿਤ ਦੋਸ਼ੀ ਪਿਛਲੇ ਕਾਫ਼ੀ ਸਮੇਂ ਤੋਂ ਇਸ ਧੰਦੇ ’ਚ ਸੀ ਅਤੇ ਪੰਜਾਬ ਦੇ ਵੱਖ-ਵੱਖ ਸ਼ਹਿਰਾਂ ’ਚ ਇਹ ਨਸ਼ੀਲੇ ਪਦਾਰਥ ਸਪਲਾਈ ਕਰਦਾ ਸੀ। ਕਾਬੂ ਕੀਤੇ ਗਏ ਕਥਿਤ ਦੋਸ਼ੀ ਨੂੰ ਅਦਾਲਤ ਵਿਚ ਪੇਸ਼ ਕੀਤਾ, ਜਿਥੇ ਜੱਜ ਨੇ ਉਸ ਦਾ ਇਕ ਦਿਨ ਦਾ ਪੁਲਿਸ ਰਿਮਾਂਡ ਦੇ ਦਿੱਤਾ। ਪੁਲਿਸ ਵਲੋਂ ਉਸ ਪਾਸੋਂ ਹੋਰ ਵੀ ਪੁੱਛ ਪੜਤਾਲ ਕੀਤੀ ਜਾ ਰਹੀ ਹੈ, ਕਈ ਹੋਰ ਪ੍ਰਗਟਾਵੇ ਹੋਣ ਦੀ ਸੰਭਾਵਨਾ ਹੈ।

ਖ਼ਤਰਨਾਕ ਵਾਹਨ ਚੋਰ ਗਰੋਹ ਦੇ ਦੋ ਮੈਂਬਰ ਕਾਬੂ

ਲੱਖਾਂ ਦੇ ਵਾਹਨ ਬਰਾਮਦ

ਲੁਧਿਆਣਾ, 8 ਦਸੰਬਰ (ਪਰਮਿੰਦਰ ਸਿੰਘ ਆਹੂਜਾ)-ਲੁਧਿਆਣਾ ਪੁਲਿਸ ਨੇ ਖ਼ਤਰਨਾਕ ਵਾਹਨ ਚੋਰ ਗਰੋਹ ਦੇ ਦੋ ਮੈਂਬਰਾਂ ਨੂੰ ਕਾਬੂ ਕਰਕੇ ਉਨ੍ਹਾਂ ਦੇ ਕਬਜ਼ੇ ’ਚੋਂ ਲੱਖਾਂ ਰੁਪਏ ਮੁੱਲ ਦੇ ਵਾਹਨ ਬਰਾਮਦ ਕੀਤੇ ਹਨ। ਇਸ ਸੰਬੰਧੀ ਏ. ਸੀ. ਪੀ. ਅਨਿਲ ਕੁਮਾਰ ਭਨੋਟ ਨੇ ਦੱਸਿਆ ਕਿ ਕਾਬੂ ਕੀਤੇ ਕਥਿਤ ਦੋਸ਼ੀਆਂ ਵਿਚ ਅਹਿਤ ਸ਼ਾਮ ਪੁੱਤਰ ਮੁਹੰਮਦ ਸ਼ਕੀਲ ਵਾਸੀ ਮਾਇਆਪੁਰੀ ਤੇ ਤੌਫੀਕ ਪੁੱਤਰ ਨਸੀਬ ਵਾਸੀ ਜਗੀਰਪੁਰ ਰੋਡ ਸ਼ਾਮਿਲ ਹਨ। ਉਨ੍ਹਾਂ ਦੱਸਿਆ ਕਿ ਅਹਿਤ ਖ਼ਿਲਾਫ਼ ਪਹਿਲਾਂ ਵੀ ਇਕ ਮਾਮਲਾ ਦਰਜ ਹੈ। ਕਥਿਤ ਦੋਸ਼ੀਆਂ ਦੇ ਕਬਜ਼ੇ ’ਚੋਂ ਪੁਲਿਸ ਨੇ ਤਿੰਨ ਮੋਟਰਸਾਈਕਲ, ਦੋ ਐਕਟਿਵਾ ਸਕੂਟਰ ਬਰਾਮਦ ਕੀਤੇ ਹਨ, ਜੋ ਕਿ ਉਨ੍ਹਾਂ ਨੇ ਵੱਖ-ਵੱਖ ਥਾਵਾਂ ਤੋਂ ਚੋਰੀ ਕੀਤੇ ਸਨ। ਇਨ੍ਹਾਂ ਖ਼ਿਲਾਫ਼ ਕੇਸ ਦਰਜ ਕਰ ਲਿਆ ਹੈ ਤੇ ਪੁੱਛ ਪੜਤਾਲ ਕੀਤੀ ਜਾ ਰਹੀ ਹੈ।

ਕਾਬੂ ਕੀਤੇ ਕਥਿਤ ਦੋਸ਼ੀਆਂ ਬਾਰੇ ਜਾਣਕਾਰੀ ਦਿੰਦਿਆਂ ਪੁਲਿਸ ਅਧਿਕਾਰੀ। ਤਸਵੀਰ : ਸੇਵਕ ਸਿੰਘ

ਦਰੱਖ਼ਤ ਕੱਟਣ ਦੇ ਮਾਮਲੇ ’ਚ ਦੋ ਖ਼ਿਲਾਫ਼ ਕੇਸ ਦਰਜ

ਲੁਧਿਆਣਾ, 8 ਦਸੰਬਰ (ਪਰਮਿੰਦਰ ਸਿੰਘ ਆਹੂਜਾ)-ਥਾਣਾ ਸਦਰ ਦੀ ਪੁਲਿਸ ਨੇ ਦਰੱਖ਼ਤ ਕੱਟਣ ਦੇ ਮਾਮਲੇ ’ਚ ਦੋ ਵਿਅਕਤੀਆਂ ਖ਼ਿਲਾਫ਼ ਕੇਸ ਦਰਜ ਕੀਤਾ ਹੈ। ਪੁਲਿਸ ਵਲੋਂ ਇਹ ਕਾਰਵਾਈ ਡਾ. ਅਮਨਦੀਪ ਸਿੰਘ ਬੈਂਸ ਵਾਸੀ ਬਸੰਤ ਐਵੇਨਿਊ ਦੀ ਸ਼ਿਕਾਇਤ ’ਤੇ ਅਮਲ ਵਿਚ ਲਿਆਂਦੀ ਹੈ ਤੇ ਇਸ ਸੰਬੰਧੀ ਪੁਲਿਸ ਨੇ ਬੀ. ਡੀ. ਗੋਇਲ ਤੇ ਤਰਸੇਮ ਸਿੰਘ ਵਾਸੀ ਬਸੰਤ ਐਵੇਨਿਊ ਖ਼ਿਲਾਫ਼ ਕੇਸ ਦਰਜ ਕੀਤਾ ਹੈ। ਪੁਲਿਸ ਕੋਲ ਲਿਖਵਾਈ ਮੁੱਢਲੀ ਰਿਪੋਰਟ ਵਿਚ ਸ਼ਿਕਾਇਤਕਰਤਾ ਨੇ ਦੱਸਿਆ ਕਿ ਉਸ ਦੇ ਘਰ ਦੇ ਨਾਲ ਪਾਰਕ ’ਚ ਦੋ-ਤਿੰਨ ਵਿਅਕਤੀ ਦਰੱਖ਼ਤ ਕੱਟ ਕੇ ਚੋਰੀ ਕਰ ਰਹੇ ਸਨ। ਜਦੋਂ ਉਸਨੇ ਉਥੇ ਮੌਜੂਦ ਠੇਕੇਦਾਰ ਬੂਟਾ ਸਿੰਘ ਨੂੰ ਪੁੱਛਿਆ ਤਾਂ ਉਸ ਦੱਸਿਆ ਕਿ ਉਕਤ ਦੋਸ਼ੀਆਂ ਵਲੋਂ ਉਸ ਨੂੰ ਅਜਿਹਾ ਕਰਨ ਲਈ ਕਿਹਾ ਗਿਆ ਹੈ, ਜਿਸ ’ਤੇ ਡਾ. ਬੈਂਸ ਵਲੋਂ ਇਹ ਸਾਰਾ ਮਾਮਲਾ ਪੁਲਿਸ ਦੇ ਧਿਆਨ ’ਚ ਲਿਆਂਦਾ ਤਾਂ ਪੁਲਿਸ ਵਲੋਂ ਕਾਰਵਾਈ ਕਰਦਿਆਂ ਇਸ ਮਾਮਲੇ ’ਚ ਕੇਸ ਦਰਜ ਕਰ ਲਿਆ। ਹਾਲ ਦੀ ਘੜੀ ਇਸ ਮਾਮਲੇ ’ਚ ਗ੍ਰਿਫ਼ਤਾਰੀ ਨਹੀਂ ਕੀਤੀ ਗਈ ਹੈ।

ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਪੁਰਾਣੀ ਸਬਜ਼ੀ ਮੰਡੀ ਲੁਧਿਆਣਾ ਵਿਖੇ ਕਰਵਾਏ ਸਮਾਗਮ ਦੌਰਾਨ ਰਾਗੀ ਸਿੰਘ ਕੀਰਤਨ ਕਰਦੇ ਹੋਏ, ਨਾਲ ਪ੍ਰਧਾਨ ਬਾਬਾ ਅਜੀਤ ਸਿੰਘ, ਜਗਜੀਤ ਸਿੰਘ, ਮਨਿੰਦਰ ਸਿੰਘ ਆਹੂਜਾ, ਪ੍ਰਹਿਲਾਦ ਸਿੰਘ ਢੱਲ ਤੇ ਹੋਰ। ਅਜੀਤ ਤਸਵੀਰ

ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਪੁਰਾਣੀ ਸਬਜ਼ੀ ਮੰਡੀ ਵਿਖੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਗੁਰਮਤਿ ਸਮਾਗਮ

ਲੁਧਿਆਣਾ, 8 ਦਸੰਬਰ (ਪਰਮਿੰਦਰ ਸਿੰਘ ਆਹੂਜਾ)-ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਪੁਰਾਣੀ ਸਬਜ਼ੀ ਮੰਡੀ ਲੁਧਿਆਣਾ ਵਿਖੇ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ਕਰਵਾਏ ਗਏ। ਇਨ੍ਹਾਂ ਸਮਾਗਮਾਂ ’ਚ ਵਿਸ਼ੇਸ਼ ਤੌਰ ’ਤੇ ਭਾਈ ਸੇਵਕ ਸਿੰਘ ਕੰਵਲ ਯੂ. ਐਸ. ਏ. ਵਾਲਿਆਂ ਨੇ ਸੰਗਤਾਂ ਨੂੰ ਕੀਰਤਨ ਦੁਆਰਾ ਨਿਹਾਲ ਕੀਤਾ। ਸਮਾਗਮਾਂ ’ਚ ਵਿਸ਼ੇਸ਼ ਤੌਰ ’ਤੇ ਗੁਰਦੁਆਰਾ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਸੁਖਵਿੰਦਰ ਸਿੰਘ ਨੇ ਸੰਗਤਾਂ ਨੂੰ ਕਥਾ ਰਾਹੀਂ ਨਿਹਾਲ ਕੀਤਾ ਅਤੇ ਭਾਈ ਜਸਵਿੰਦਰ ਸਿੰਘ ਹਜ਼ੂਰੀ ਰਾਗੀ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਪੁਰਾਣੀ ਸਬਜ਼ੀ ਮੰਡੀ ਵਾਲਿਆਂ ਨੇ ਕੀਰਤਨ ਸਰਵਣ ਕਰਵਾਇਆ। ਇਸ ਮੌਕੇ ਗੁਰੂ ਕੇ ਲੰਗਰ ਅਟੁੱਟ ਵਰਤਾਏ ਗਏ। ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਵਲੋਂ ਭਾਈ ਸਾਹਿਬ ਭਾਈ ਸੇਵਕ ਸਿੰਘ ਕੰਵਲ ਯੂ. ਐਸ. ਏ. ਵਾਲਿਆਂ ਨੂੰ ਵਿਸ਼ੇਸ਼ ਤੌਰ ’ਤੇ ਸਨਮਾਨਿਤ ਕੀਤਾ। ਗੁਰਦੁਆਰਾ ਸਾਹਿਬ ਦੇ ਪ੍ਰਧਾਨ ਬਾਬਾ ਅਜੀਤ ਸਿੰਘ ਨੇ ਦੱਸਿਆ ਕਿ ਇਨ੍ਹਾਂ ਮਹਾਨ ਸਮਾਗਮਾਂ ’ਚ ਸੰਗਤਾਂ ਨੇ ਭਾਰੀ ਗਿਣਤੀ ਵਿਚ ਸ਼ਮੂਲੀਅਤ ਕੀਤੀ। ਉਨ੍ਹਾਂ ਦੱਸਿਆ ਕਿ ਆਉਣ ਵਾਲੇ ਸਮੇਂ ਦੌਰਾਨ ਵੀ ਗੁਰਪੁਰਬ ਦੇ ਸੰਬੰਧ ’ਚ ਵੱਡੇ ਪੱਧਰ ’ਤੇ ਸਮਾਗਮ ਕਰਵਾਏ ਜਾ ਰਹੇ ਹਨ। ਇਸ ਮੌਕੇ ਜਗਜੀਤ ਸਿੰਘ, ਮਨਿੰਦਰ ਸਿੰਘ ਆਹੂਜਾ, ਪ੍ਰਹਿਲਾਦ ਸਿੰਘ ਢੱਲ, ਪ੍ਰੀਤਮ ਸਿੰਘ ਅਰਨੇਜਾ, ਤਰਲੋਚਨ ਸਿੰਘ ਮਨੋਚਾ ਆਦਿ ਹਾਜ਼ਰ ਸਨ।

ਕਿਸਾਨ ਮੇਲੇ ’ਚ ਸਨਮਾਨ ਕਰਨ ਲਈ ਪੀ.ਏ.ਯੂ. ਨੇ ਉੱਦਮੀ ਕਿਸਾਨਾਂ ਕੋਲੋਂ ਮੰਗੀਆਂ ਅਰਜ਼ੀਆਂ

ਲੁਧਿਆਣਾ, 8 ਦਸੰਬਰ (ਜਤਿੰਦਰ ਭੰਬੀ)-ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਦੇ ਡਾਇਰੈਕਟੋਰੇਟ ਪਸਾਰ ਸਿੱਖਿਆ ਵਲੋਂ ਰਾਜ ਭਰ ਦੇ ਕਿਸਾਨਾਂ ਤੇ ਕਿਸਾਨ ਬੀਬੀਆਂ ਤੋਂ ਮਾਰਚ, 2025 ’ਚ ਦਿੱਤੇ ਜਾਣ ਵਾਲੇ ਐਵਾਰਡਾਂ ਲਈ ਬਿਨੈ-ਪੱਤਰਾਂ ਦੀ ਮੰਗ ਕੀਤੀ ਹੈ। ਨਿਰਦੇਸ਼ਕ ਪਸਾਰ ਸਿੱਖਿਆ ਡਾ. ਮੱਖਣ ਸਿੰਘ ਭੁੱਲਰ ਨੇ ਦੱਸਿਆ ਕਿ ਮੁੱਖ ਮੰਤਰੀ ਖੇਤੀ ਐਵਾਰਡ ’ਚ 25,000 ਰੁਪਏ ਤੇ ਪ੍ਰਸ਼ੰਸਾ ਪੱਤਰ ਪੰਜਾਬ ਦੇ ਉਸ ਕਿਸਾਨ ਨੂੰ ਦਿੱਤਾ ਜਾਵੇਗਾ, ਜੋ ਮੁੱਖ ਫ਼ਸਲਾਂ ਦੀ ਖੇਤੀ ਕਰਨ ’ਚ ਮੋਹਰੀ ਹੈ। ਦੂਜਾ ਮੁੱਖ ਮੰਤਰੀ ਬਾਗ਼ਬਾਨੀ ਐਵਾਰਡ, ਬਾਗ਼ਬਾਨੀ ਦੇ ਖੇਤਰ ’ਚ ਵਿਸ਼ੇਸ਼ ਪ੍ਰਾਪਤੀਆਂ ਕਰਨ ਵਾਲੇ ਉੱਦਮੀ ਕਿਸਾਨ ਨੂੰ ਦਿੱਤਾ ਜਾਵੇਗਾ। ਇਸ ’ਚ ਵੀ 25000 ਰੁਪਏ ਦੀ ਰਾਸ਼ੀ ਤੇ ਪ੍ਰਸ਼ੰਸਾ ਪੱਤਰ ਸ਼ਾਮਿਲ ਹੈ। ਸੀ. ਆਰ. ਆਈ. ਪੰਪ ਵਲੋਂ ਤਿੰਨ ਹੋਰ ਇਨਾਮ ਦਿੱਤੇ ਜਾਣਗੇ, ਜਿਨ੍ਹਾਂ ’ਚੋਂ ਇਕ ਇਨਾਮ ਵਿਕਸਿਤ ਪਾਣੀ ਪ੍ਰਬੰਧ ਤਕਨੀਕ ਅਪਨਾਉਣ ਵਾਲੇ ਕਿਸਾਨ ਲਈ ਹੈ। ਇਸ ਵਿਚ 10,000 ਰੁਪਏ ਦੀ ਰਾਸ਼ੀ ਅਤੇ ਪ੍ਰਸ਼ੰਸਾ ਪੱਤਰ ਸ਼ਾਮਿਲ ਹੋਵੇਗਾ। ਇਸੇ ਕੜੀ ’ਚ ਅਗਲਾ ਇਨਾਮ ਵਿਕਸਿਤ ਖੇਤ ਮਸ਼ੀਨਰੀ ਅਪਣਾਉਣ ਵਾਲੇ ਕਿਸਾਨ ਲਈ ਤੇ ਜੈਵਿਕ ਖੇਤੀ ਨਾਲ ਜੁੜੇ ਕਿਸਾਨ ਲਈ ਹੈ। ਇਨ੍ਹਾਂ ਇਨਾਮਾਂ ’ਚ ਵੀ ਪ੍ਰਸ਼ੰਸਾ ਪੱਤਰ ਤੋਂ ਬਿਨਾਂ 10-10 ਹਜ਼ਾਰ ਰੁਪਏ ਦੀ ਰਾਸ਼ੀ ਦਿੱਤੀ ਜਾਵੇਗੀ। ਇਸ ’ਚ 6ਵਾਂ ਸਰਦਾਰਨੀ ਪ੍ਰਕਾਸ਼ ਕੌਰ ਸਰਾਂ ਯਾਦਗਾਰੀ ਐਵਾਰਡ ਖੇਤੀ, ਬਾਗ਼ਬਾਨੀ, ਫੁੱਲਾਂ ਦੀ ਖੇਤੀ ਤੇ ਸਹਾਇਕ ਧੰਦਿਆਂ ਵਿਚ ਮੋਹਰੀ ਉੱਦਮੀ ਕਿਸਾਨ/ਕਿਸਾਨ ਬੀਬੀ ਨੂੰ ਦਿੱਤਾ ਜਾਵੇਗਾ ਇਸ ’ਚ ਪ੍ਰਸ਼ੰਸਾ ਪੱਤਰ ਦੇ ਨਾਲ 5000 ਰੁਪਏ ਦਾ ਨਕਦ ਇਨਾਮ ਸ਼ਾਮਿਲ ਹੋਵੇਗਾ। ਡਾ. ਭੁੱਲਰ ਨੇ ਦੱਸਿਆ ਕਿ ਖੇਤਰੀ ਖੋਜ ਕੇਂਦਰ ਬਠਿੰਡਾ ਦੇ ਕਿਸਾਨ ਮੇਲੇ ਤੇ ਜਥੇਦਾਰ ਗੁਰਦਿੱਤਾ ਸਿੰਘ ਮਾਹਲ ਪੁਰਸਕਾਰ ਪ੍ਰਦਾਨ ਕੀਤਾ ਜਾਵੇਗਾ। ਇਸ ’ਚ 10,000 ਰੁਪਏ ਨਕਦ ਤੇ ਪ੍ਰਸ਼ੰਸਾ ਪੱਤਰ ਉਸ ਕਿਸਾਨ ਜਾਂ ਕਿਸਾਨ ਬੀਬੀ ਨੂੰ ਦਿੱਤਾ ਜਾਵੇਗਾ, ਜਿਸ ਨੇ ਆਪਣੀ ਜ਼ਮੀਨ ਦੇ ਘੱਟੋ-ਘੱਟ 70 ਫੀਸਦੀ ਰਕਬੇ ’ਤੇ ਬਾਗ਼ਬਾਨੀ ਫ਼ਸਲਾਂ ਦੀ ਕਾਸ਼ਤ ਦੀ ਪਹਿਲਕਦਮੀ ਕੀਤੀ ਹੋਵੇ। ਇਸ ਮੌਕੇ ਵਧੀਕ ਨਿਰਦੇਸ਼ਕ ਪਸਾਰ ਸਿੱਖਿਆ ਡਾ. ਜੀ. ਪੀ. ਐਸ. ਸੋਢੀ ਨੇ ਕਿਹਾ ਮਾਰਚ 2025 ’ਚ ਦਿੱਤੇ ਜਾਣ ਵਾਲੇ ਇਨ੍ਹਾਂ ਇਨਾਮਾਂ ਲਈ ਜਿਹੜੇ ਕਿਸਾਨ ਫਾਰਮ ਭਰਨਾ ਚਾਹੁੰਦੇ ਹਨ ਉਹ ਪੀ. ਏ. ਯੂ. ਦੇ ਵੱਖ-ਵੱਖ ਜ਼ਿਲ੍ਹਿਆਂ ’ਚ ਸਥਿਤ ਕ੍ਰਿਸ਼ੀ ਵਿਗਿਆਨ ਕੇਂਦਰਾਂ ਦੇ ਡਿਪਟੀ ਡਾਇਰੈਕਟਰ, ਖੇਤਰੀ ਖੋਜ ਸਟੇਸ਼ਨ ਦੇ ਨਿਰਦੇਸ਼ਕ, ਜ਼ਿਲ੍ਹਾ ਪਸਾਰ ਮਾਹਿਰ, ਮੁੱਖ ਖੇਤੀਬਾੜੀ ਅਫ਼ਸਰ, ਬਾਗ਼ਬਾਨੀ ਦੇ ਡਿਪਟੀ ਡਾਇਰੈਕਟਰ ਤੇ ਪੀ. ਏ. ਯੂ. ਦੇ ਪਸਾਰ ਸਿੱਖਿਆ ਡਾਇਰੈਕਟੋਰੇਟ ਤੋਂ ਇਹ ਫਾਰਮ ਹਾਸਲ ਕਰ ਸਕਦੇ ਹਨ। ਇਨ੍ਹਾਂ ਫਾਰਮਾਂ ਨੂੰ ਨਿਰਦੇਸ਼ਕ ਪਸਾਰ ਸਿੱਖਿਆ ਪੀ. ਏ. ਯੂ. ਦੇ ਦਫ਼ਤਰ ਪਹੁੰਚਾਉਣ ਦੀ ਆਖ਼ਰੀ ਮਿਤੀ 31 ਦਸੰਬਰ 2024 ਹੈ। ਜੇਕਰ ਕੋਈ ਕਿਸਾਨ ਇਕ ਤੋਂ ਵੱਧ ਐਵਾਰਡ ਲਈ ਅਰਜ਼ੀ ਦੇਣਾ ਚਾਹੁੰਦਾ ਹੈ ਤਾਂ ਉਸ ਲਈ ਵੱਖਰਾ ਫਾਰਮ ਭਰਨਾ ਜ਼ਰੂਰੀ ਹੈ।

ਖੇਤੀਬਾੜੀ ਯੂਨੀਵਰਸਿਟੀ ’ਚ ਖੇਤੀ ਮੁੱਦਿਆਂ ਬਾਰੇ ਮਾਹਿਰਾਂ ਦੀ ਇਕੱਤਰਤਾ ਮੌਕੇ ਵਾਈਸ ਚਾਂਸਲਰ ਡਾ. ਸਤਿਬੀਰ ਸਿੰਘ ਗੋਸਲ ਕਿਸਾਨਾਂ ਦੀਆਂ ਉਭਰ ਰਹੀਆਂ ਖੇਤੀ ਸਮੱਸਿਆਵਾਂ ਬਾਰੇ ਗੱਲਬਾਤ ਕਰਦੇ ਹੋਏ। ਤਸਵੀਰ : ਸੇਵਕ ਸਿੰਘ

ਖੇਤੀਬਾੜੀ ਯੂਨੀਵਰਸਿਟੀ ’ਚ ਖੇਤੀ ਮੁੱਦਿਆਂ ਬਾਰੇ ਮਾਹਿਰਾਂ ਦੀ ਇਕੱਤਰਤਾ

ਲੁਧਿਆਣਾ, 8 ਦਸੰਬਰ (ਜਤਿੰਦਰ ਭੰਬੀ)-ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਦੇ ਡਾ. ਖੇਮ ਸਿੰਘ ਗਿੱਲ ਕਿਸਾਨ ਸਲਾਹਕਾਰ ਸੇਵਾ ਕੇਂਦਰ ਵਿਖੇ ਖੋਜ ਤੇ ਪਸਾਰ ਮਾਹਿਰਾਂ ਦੀ ਮੀਟਿੰਗ ਹੋਈ। ਮੀਟਿੰਗ ਦੌਰਾਨ ਖੇਤੀ ਸੰਬੰਧੀ ਚਿੰਤਾਵਾਂ, ਪਾਣੀ ਦੀ ਵਧੇਰੇ ਵਰਤੋਂ ਕਰਨ ਵਾਲੀਆਂ ਫ਼ਸਲਾਂ ਦੇ ਰੁਝਾਨ ਨੂੰ ਰੋਕਣ, ਝੋਨੇ ਦੀ ਰਹਿੰਦ-ਖੂੰਹਦ ਨੂੰ ਸਾੜਨ ਤੋਂ ਰੋਕਣ ਅਤੇ ਵੱਖ-ਵੱਖ ਫ਼ਸਲਾਂ ’ਚ ਕੀੜੇ-ਮਕੌੜਿਆਂ ਅਤੇ ਬਿਮਾਰੀਆਂ ਦੀ ਰੋਕਥਾਮ ਕਰਨ ਦੇ ਮੁੱਦੇ ਪ੍ਰਮੁੱਖਤਾ ਨਾਲ ਵਿਚਾਰੇ ਗਏ। ਪੀ. ਏ. ਯੂ. ਦੇ ਵਾਈਸ ਚਾਂਸਲਰ ਡਾ. ਸਤਿਬੀਰ ਸਿੰਘ ਗੋਸਲ ਨੇ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਵਿਗਿਆਨੀਆਂ ਨੂੰ ਕਿਸਾਨਾਂ ਦੀਆਂ ਉਭਰ ਰਹੀਆਂ ਖੇਤੀ ਸਮੱਸਿਆਵਾਂ ਖਾਸ ਕਰਕੇ ਕਣਕ ਦੇ ਕੀੜਿਆਂ ਤੇ ਬਿਮਾਰੀਆਂ ਦੀ ਰੋਕਥਾਮ ਦੇ ਨਾਲ ਹੀ ਰਵਾਇਤੀ ਫ਼ਸਲੀ ਚੱਕਰ ਤੋਂ ਪਾਰ ਫ਼ਸਲੀ ਵਿਭਿੰਨਤਾ ਲਈ ਹਰ ਸੰਭਵ ਯਤਨ ਕਰਨ ਲਈ ਕਿਹਾ। ਨਿਰਦੇਸ਼ਕ ਖੋਜ ਡਾ. ਅਜਮੇਰ ਸਿੰਘ ਢੱਟ ਨੇ ਨਰਮੇ ’ਚ ਬੇਮੌਸਮੀ ਕੀਟ ਪ੍ਰਬੰਧਨ, ਤੇਲ ਬੀਜਾਂ ਤੇ ਦਾਲਾਂ ਦੀ ਕਾਸ਼ਤ ਨੂੰ ਉਤਸ਼ਾਹਿਤ ਕਰਨ, ਨਦੀਨ ਨਾਸ਼ਕਾਂ ਦੀ ਰੋਕਥਾਮ ਪਰਾਲੀ ਦੇ ਪ੍ਰਬੰਧਨ ਅਤੇ ਬਹਾਰ ਰੁੱਤ ਦੀ ਮੱਕੀ ਵਿਚ ਪਾਣੀ ਦੀ ਸੰਭਾਲ ਬਾਰੇ ਸੁਝਾਅ ਲਏ ਜਾ ਰਹੇ ਹਨ। ਉਨ੍ਹਾਂ ਨੇ ਪੋਸ਼ਣ ਪ੍ਰਬੰਧਨ ਤੇ ਉਤਪਾਦਨ ਵਿਚਕਾਰ ਸੰਤੁਲਨ ਬਣਾ ਕੇ ਖੇਤੀ ਦੀ ਅਗਲੇਰੀ ਰੂਪ ਰੇਖਾ ਨਿਰਧਾਰਿਤ ਕਰਨ ’ਤੇ ਜ਼ੋਰ ਦਿੱਤਾ। ਵਧੀਕ ਨਿਰਦੇਸ਼ਕ ਪਸਾਰ ਸਿੱਖਿਆ ਡਾ. ਜੀ. ਪੀ. ਐਸ. ਸੋਢੀ ਵਲੋਂ ਕਣਕ ਦੇ ਬੀਜ ਦੀ ਵਿਕਰੀ ਅਤੇ ਕਣਕ ਦੀ ਫ਼ਸਲ ’ਚ ਕੀਟ ਪ੍ਰਬੰਧਨ ਦੀ ਮੌਜੂਦਾ ਸਥਿਤੀ ’ਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ। ਵਧੀਕ ਨਿਰਦੇਸ਼ਕ ਪਸਾਰ ਸਿੱਖਿਆ ਡਾ. ਤਰਸੇਮ ਸਿੰਘ ਢਿੱਲੋਂ ਨੇ ਸਭ ਦਾ ਧੰਨਵਾਦ ਕੀਤਾ ਤੇ ਪ੍ਰੋਗਰਾਮ ਦਾ ਸੰਚਾਲਨ ਕੀਤਾ, ਜਿਸ ’ਚ ਕ੍ਰਿਸ਼ੀ ਵਿਗਿਆਨ ਕੇਂਦਰਾਂ ਤੇ ਫਾਰਮ ਸਲਾਹਕਾਰ ਸੇਵਾ ਕੇਂਦਰਾਂ ਦੇ ਵਿਗਿਆਨੀਆਂ ਨੇ ਭਰਪੂਰ ਹਾਜ਼ਰੀ ਭਰੀ।

ਜੀ.ਏ.ਡੀ. ਅਕੈਡਮੀ ਲਾਦੀਆਂ ਖ਼ੁਰਦ ਵਿਖੇ ਤਣਾਅ ਮੁਕਤ ਪ੍ਰੋਗਰਾਮ ਤਹਿਤ ਖ਼ੁਸ਼ੀ ਦਾ ਇਜ਼ਹਾਰ ਸਾਂਝਾ ਕਰਦੇ ਹੋਏ। ਤਸਵੀਰ : ਬਲਬੀਰ ਸਿੰਘ ਰਾਣਾ

ਜੀ.ਏ.ਡੀ. ਅਕੈਡਮੀ ਲਾਦੀਆਂ ਖ਼ੁਰਦ ਨੇ ‘ਪ੍ਰੀ-ਬੋਰਡ ਫਨ ਵੀਕ ਐਂਡ’ ਗਤੀਵਿਧੀ ਕਰਵਾਈ

ਲਾਡੋਵਾਲ, 8 ਦਸੰਬਰ (ਬਲਬੀਰ ਸਿੰਘ ਰਾਣਾ)-ਬੋਰਡ ਦੇ ਇਮਤਿਹਾਨ ਨੇੜੇ ਹੋਣ ਦੇ ਕਾਰਨ ਜੀ. ਏ. ਡੀ. ਅਕੈਡਮੀ ਲਾਦੀਆਂ ਖ਼ੁਰਦ ਦੇ ਵਿਦਿਆਰਥੀਆਂ ਨੂੰ ਰੁਝੇਵਿਆਂ ਤੇ ਹਲਕੀ-ਫੁਲਕੀ ਮੌਜ-ਮਸਤੀ ਨਾਲ ਭਰੇ ਇਕ ਆਨੰਦਮਈ ਵੀਕ ਐਂਡ ਗਤੀਵਿਧੀ ਤਿਆਰ ਕੀਤੀ ਗਈ, ਜਿਸ ਦਾ ਨਾਂਅ ‘ਪ੍ਰੀ-ਬੋਰਡ ਫਨ ਵੀਕ ਐਂਡ’ ਹੈ, ਦਾ ਉਦੇਸ਼ ਵਿਦਿਆਰਥੀਆਂ ਨੂੰ ਪ੍ਰੀਖਿਆ ਦੀ ਤਿਆਰੀ ਦੇ ਤਣਾਅ ਤੋਂ ਰਾਹਤ ਦੇਣਾ। ਇਸ ਸੰਬੰਧੀ ਅਕੈਡਮੀ ਦੇ ਮੈਨੇਜਿੰਗ ਡਾਇਰੈਕਟਰ ਹਰਗੁਲਾਬ ਸਿੰਘ ਲਾਦੀਆਂ ਨੇ ਦੱਸਿਆ ਕਿ ਸਨਿਚਰਵਾਰ ਦੀ ਸਵੇਰ ਨੂੰ ਇਕ ਪ੍ਰਤਿਭਾ ਦੇ ਪ੍ਰਦਰਸ਼ਨ ਨਾਲ ਸ਼ੁਰੂ ਕੀਤਾ, ਉਪਰੰਤ ਵਿਦਿਆਰਥੀਆਂ ਨੇ ਗਾਉਣ, ਨੱਚਣ ਤੇ ਕਾਮੇਡੀ ਵਿਚ ਆਪਣੇ ਹੁਨਰ ਨੂੰ ਪ੍ਰਦਰਸ਼ਿਤ ਕਰਨ ਲਈ ਸਟੇਜ ’ਤੇ ਪਹੁੰਚ ਕੇ ਪ੍ਰਸਿੱਧ ਧੁਨਾਂ ’ਤੇ ਨੱਚ ਕੇ ਧਮਾਲਾਂ ਪਾਈਆਂ ਅਤੇ ਨਾਲ ਹੀ ਇਕ ਸੁਰ ਤਾਲੀਆਂ ਵਜਾਈਆਂ। ਮੈਨੇਜਿੰਗ ਡਾਇਰੈਕਟਰ ਹਰਗੁਲਾਬ ਸਿੰਘ ਨੇ ਕਿਹਾ ਕਿ ਸਾਡਾ ਟੀਚਾ ਵਿਦਿਆਰਥੀਆਂ ਨੂੰ ਤਣਾਅ ਮੁਕਤ ਅਤੇ ਆਨੰਦਦਾਇਕ ਵੀਕ ਐਂਡ ਦੇਣਾ ਸੀ ਕਿਉਂਕਿ ਸਾਡਾ ਮੰਨਣਾ ਹੈ ਕਿ ਇਕ ਸੰਤੁਲਿਤ ਮਨ ਇਕ ਉਤਪਾਦਕ ਹੈ ਅਤੇ ਇਸ ਤਰ੍ਹਾਂ ਦੀਆਂ ਘਟਨਾਵਾਂ ਵਿਦਿਆਰਥੀਆਂ ’ਚ ਸਕਾਰਾਤਮਿਕਤਾ ਅਤੇ ਟੀਮ ਭਾਵਨਾ ਨੂੰ ਉਤਸ਼ਾਹਿਤ ਕਰਦੀਆਂ ਹਨ, ਜਿਸ ਨਾਲ ਵਿਦਿਆਰਥੀ ਤਣਾਅ ਤੋਂ ਬਚ ਜਾਂਦੇ ਹਨ। ਉਨ੍ਹਾਂ ਕਿਹਾ ਕਿ ਵੀਕ ਐਂਡ ਦੀ ਸਮਾਪਤੀ ਸਕੂਲ ਦੇ ਸਾਬਕਾ ਵਿਦਿਆਰਥੀਆਂ ਦੁਆਰਾ ਇਕ ਪ੍ਰੇਰਨਾਦਾਇਕ ਸੈਸ਼ਨ ਨਾਲ ਹੋਈ, ਜਿਨ੍ਹਾਂ ਨੇ ਤਣਾਅ ਦਾ ਪ੍ਰਬੰਧਨ ਕਰਨ ਤੇ ਪ੍ਰੀਖਿਆਵਾਂ ’ਚ ਵਧੀਆ ਪ੍ਰਦਰਸ਼ਨ ਕਰਨ ਬਾਰੇ ਵਡਮੁੱਲੇ ਸੁਝਾਅ ਸਾਂਝੇ ਕੀਤੇ, ਜਿਹੜੇ ਕਿ ਵਿਦਿਆਰਥੀਆਂ ਨੂੰ ਬੇਹੱਦ ਪਸੰਦ ਆਏ।

ਮੈਰੀ ਮਿੰਟ ਸਕੂਲ ਵਿਖੇ ਸ਼ਹੀਦੀ ਦਿਹਾੜਾ ਮਨਾਉਣ ਸਮੇਂ ਕੀਰਤਨ ਕਰਦੇ ਹੋਏ ਵਿਦਿਆਰਥੀ। ਅਜੀਤ ਤਸਵੀਰ

ਮੈਰੀ ਮਿੰਟ ਸਕੂਲ ਵਿਖੇ ਸ਼ਹੀਦੀ ਦਿਹਾੜਾ ਮਨਾਇਆ

ਡਾਬਾ/ਲੁਹਾਰਾ, 8 ਦਸੰਬਰ (ਕੁਲਵੰਤ ਸਿੰਘ ਸੱਪਲ)-ਨਿਊ ਅਮਰ ਨਗਰ ਸਥਿਤ ਮੈਰੀ ਮਿੰਟ ਪਬਲਿਕ ਹਾਈ ਸਕੂਲ ਵਿਖੇ ਸ੍ਰੀ ਗੁਰੂ ਤੇਗ ਬਹਾਦੁਰ ਜੀ ਦਾ ਸ਼ਹੀਦੀ ਦਿਹਾੜਾ ਸ਼ਰਧਾ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਦੇ ਵਿਦਿਆਰਥੀਆਂ ਦੁਆਰਾ ਗੁਰੂ ਸਾਹਿਬ ਦੀ ਸ਼ਹੀਦੀ ਨੂੰ ਸਮਰਪਿਤ ਸ਼ਬਦ ਸਰਵਣ ਕੀਤੇ ਗਏ, ਜਿਸ ਦਾ ਸਮੂਹ ਸਕੂਲ ਮੈਂਬਰਾਂ ਨੇ ਸੰਗਤ ਰੂਪ ’ਚ ਹਾਜ਼ਰ ਹੋ ਕੇ ਆਨੰਦ ਮਾਣਿਆ। ਸਕੂਲ ਦੇ ਪ੍ਰਿੰਸੀਪਲ ਬਲਜੀਤ ਕੌਰ ਨੇ ਸਵੇਰ ਦੀ ਸਭਾ ਦੌਰਾਨ ਗੁਰੂ ਸਾਹਿਬ ਦੀ ਸ਼ਹੀਦੀ ਬਾਰੇ ਚਾਨਣਾ ਪਾਉਂਦੇ ਹੋਏ ਕਿਹਾ ਕਿ ਨੌਵੀਂ ਪਾਤਿਸ਼ਾਹੀ ਸ੍ਰੀ ਗੁਰੂ ਤੇਗ ਬਹਾਦਰ ਜੀ ਨੇ ਹਿੰਦੂ ਧਰਮ ਦੀ ਰੱਖਿਆ ਲਈ ਕੁਰਬਾਨੀ ਦਿੱਤੀ ਤੇ ਸਿਦਕ ਨਹੀਂ ਹਾਰਿਆ। ਇਸੇ ਕਰਕੇ ਆਪ ਜੀ ਨੂੰ ‘ਹਿੰਦ ਦੀ ਚਾਦਰ’ ਵੀ ਕਿਹਾ ਜਾਂਦਾ ਹੈ। ਉਨ੍ਹਾਂ ਨੇ ਇਹ ਵੀ ਦੱਸਿਆ ਕਿ ਗੁਰੂ ਸਾਹਿਬ ਜੀ ਦੀ ਸ਼ਹੀਦੀ ਨੂੰ ਸਮਰਪਿਤ ਦਿੱਲੀ ਵਿਖੇ ਸੀਸ ਗੰਜ ਗੁਰਦੁਆਰਾ ਸਾਹਿਬ ਵੀ ਸ਼ੁਸ਼ੋਭਿਤ ਹੈ। ਇਸ ਮੌਕੇ ਸਕੂਲ ਦੇ ਡਾਇਰੈਕਟਰ ਸੁਰਿੰਦਰ ਕੌਰ, ਸਕੂਲ ਮੁਖੀ ਇੰਦਰਪਾਲ ਸਿੰਘ ਤੇ ਉਨ੍ਹਾਂ ਦੀ ਧਰਮ ਪਤਨੀ ਨਵਪ੍ਰੀਤ ਕੌਰ ਨੇ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਗੁਰੂ ਸਾਹਿਬ ਜੀ ਦੀ ਸ਼ਹੀਦੀ ਸਿੱਖ ਇਤਿਹਾਸ ਵਿਚ ਬੜੀ ਮਾਣ ਵਾਲੀ ਗੱਲ ਹੈ ਤੇ ਸਾਨੂੰ ਧਰਮ ਦੇ ਰਸਤੇ ’ਤੇ ਚੱਲਣਾ ਸਿਖਾਉਂਦੀ ਹੈ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਬਲਜੀਤ ਕੌਰ, ਵਾਈਸ ਪ੍ਰਿੰਸੀਪਲ ਹਰਪ੍ਰੀਤ ਮਲਹੋਤਰਾ, ਕੋਆਰਡੀਨੇਟਰ ਸੁਖਵਿੰਦਰ ਕੌਰ, ਚੀਫ਼ ਫਾਈਨਾਂਸ ਨੀਤੂ ਜੌਹਰ ਤੇ ਸਮੂਹ ਅਧਿਆਪਕ ਸਾਹਿਬਾਨ ਹਾਜ਼ਰ ਸਨ।

ਭਾਈ ਵੀਰ ਸਿੰਘ ਦੇ ਜਨਮ ਦਿਨ ’ਤੇ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਵਲੋਂ ਵਿਸ਼ੇਸ਼ ਸਮਾਗਮ

ਲੁਧਿਆਣਾ, 8 ਦਸੰਬਰ (ਪਰਮਿੰਦਰ ਸਿੰਘ ਆਹੂਜਾ)-ਭਾਈ ਵੀਰ ਸਿੰਘ ਦੇ 152ਵੇਂ ਜਨਮ ਦਿਨ ਮੌਕੇ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਵਲੋਂ ਵਿਸ਼ੇਸ਼ ਸਮਾਗਮ ਕਰਵਾਇਆ, ਜਿਸ ਦੀ ਆਰੰਭਤਾ ਗੁਰੂ ਨਾਨਕ ਇੰਟਰਨੈਸ਼ਨਲ ਪਬਲਿਕ ਸਕੂਲ ਮਾਡਲ ਟਾਊਨ ਦੀ ਸੰਗੀਤ ਵਿਭਾਗ ਦੀ ਟੀਮ ਨੇ ਸ਼ਬਦ ਨਾਲ ਕੀਤੀ। ਇਸ ਦੌਰਾਨ ਅਮਨਦੀਪ ਕੌਰ ਦੀ ਅਗਵਾਈ ’ਚ ਸੰਗੀਤ ਪੇਸ਼ਕਾਰੀ ਵੀ ਕੀਤੀ ਗਈ। ਜਸਪਾਲ ਸਿੰਘ ਪ੍ਰਧਾਨ, ਭਾਈ ਵੀਰ ਸਿੰਘ ਨੇ ਸਵਾਗਤੀ ਸ਼ਬਦਾਂ ਨਾਲ ਭਾਈ ਵੀਰ ਸਿੰਘ ਕਾਵਿ ’ਚੋਂ ਹਵਾਲੇ ਵੀ ਦਿੱਤੇ। ਮੁੱਖ ਮਹਿਮਾਨ ਤੇ ਬੁਲਾਰੇ ਡਾ. ਹਰਜੋਧ ਸਿੰਘ ਮੁਖੀ ਭਾਈ ਵੀਰ ਸਿੰਘ ਚੇਅਰ ਪੰਜਾਬੀ ਯੂਨੀਵਰਸਿਟੀ ਪਟਿਆਲਾ ਨੇ ਭਾਈ ਸਾਹਿਬ ਦੇ ਸਾਹਿਤਕ ਕਾਰਜਾਂ ਦਾ ਵਿਸਤਰਿਤ ਵਰਨਣ ਕੀਤਾ। ਉਨ੍ਹਾਂ ਦੱਸਿਆ ਕਿ ਭਾਈ ਸਾਹਿਬ ਨੇ ਮੌਲਿਕ ਕਾਵਿ ਤੇ ਵਾਰਤਕ ਰਚਨਾ ਤੋਂ ਇਲਾਵਾ ਬਹੁਤਾਤ ’ਚ ਖੋਜ ਸਰੋਤਾਂ ਦੇ ਹਵਾਲੇ ਦੇ ਕੇ ਪੁਰਾਤਨ ਸਾਹਿਤਕ ਗ੍ਰੰਥਾਂ ਨੂੰ ਸੰਪਾਦਿਤ ਵੀ ਕੀਤਾ। ਇਸ ਮੌਕੇ ਲੁਧਿਆਣਾ ਜ਼ੋਨ ਦੇ ਪ੍ਰਧਾਨ ਸੁਰਜੀਤ ਸਿੰਘ ਤੇ ਸਕੱਤਰ ਜਸਪਾਲ ਸਿੰਘ ਕੋਚ ਨੇ ਦੱਸਿਆ ਕਿ 22 ਸਕੂਲਾਂ ਦੇ 50 ਬੱਚਿਆਂ ਨੇ ਕੁਦਰਤੀ ਨਜ਼ਾਰੇ ਤੇ ਬਾਗ਼ਾਂ ਝਰਨਿਆਂ ਦੇ ਚਿੱਤਰਕਾਰੀ ਕੀਤੀ। 16 ਵਿਦਿਆਰਥੀਆਂ ਨੂੰ ਨਕਦ ਇਨਾਮ ਤੋਂ ਇਲਾਵਾ ਤਗਮੇ ਤੇ ਸਰਟੀਫਿਕੇਟ ਭੇਟ ਕੀਤੇ ਗਏ। ਬਰਜਿੰਦਰ ਪਾਲ ਸਿੰਘ ਲਖਨਊ ਤੇ ਲੈਕਚਰਾਰ ਭੁਪਿੰਦਰ ਸਿੰਘ ਨੇ ਨਿਰਨਾਇਕ ਦੀ ਸੇਵਾ ਨਿਭਾਈ। ਇਸ ਦੌਰਾਨ ਕੁਲ ਸੱਤ ਸਾਹਿਤਕਾਰਾਂ ਤੇ ਸਮਾਜਿਕ-ਧਾਰਮਿਕ ਖੇਤਰਾਂ ਦੇ ਸੇਵਕਾਂ ਨੂੰ ਸਨਮਾਨਿਤ ਕੀਤਾ, ਜਿਨ੍ਹਾਂ ’ਚ ਡਾ. ਗੁਰਚਰਨ ਕੌਰ ਕੋਚਰ, ਕਵੀ ਜੋਗਿੰਦਰ ਸਿੰਘ ਕੰਗ, ਲੇਖਕਾ ਕੁਲਵਿੰਦਰ ਕੌਰ ਨੰਗਲ, ਬੀਬੀ ਬਲਦੇਵ ਕੌਰ ਕੀਰਤਨ ਸੇਵਾ ਸੁਸਾਇਟੀ, ਅੰਮ੍ਰਿਤਪਾਲ ਸਿੰਘ ਯੂਨਾਇਟਿਡ ਸਿੱਖਸ ਪੰਜਾਬ, ਦਵਿੰਦਰਪਾਲ ਸਿੰਘ ਚੰਡੀਗੜ੍ਹ ਤੇਰਾ-ਤੇਰਾ ਮਿਸ਼ਨ, ਜੀ. ਪੀ. ਸਿੰਘ ਚੰਡੀਗੜ੍ਹ ਸਿੱਖ ਹੋਪ ਸ਼ਾਮਿਲ ਸਨ। ਪ੍ਰਧਾਨਗੀ ਮੰਡਲ ’ਚ ਸਤਬੀਰ ਸਿੰਘ ਰਿਟਾ. ਡੀ. ਜੀ. ਐਮ., ਪੀ. ਐਸ. ਬੀ., ਮਾਸਟਰ ਤਰਲੋਚਨ ਸਿੰਘ ਸਰਪ੍ਰਸਤ, ਕੀਰਤਨ ਸੇਵਾ ਸੁਸਾਇਟੀ, ਡਾ. ਸਰਬਜੀਤ ਸਿੰਘ ਰੇਣੂਕਾ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਸਕੱਤਰ ਗੁਰਮੀਤ ਸਿੰਘ, ਬਿੱਗ ਬੈਨ ਦੇ ਤੇਜਵਿੰਦਰ ਸਿੰਘ, ਭਾਈ ਵੀਰ ਸਿੰਘ ਸਾਹਿਤਕ ਸਭਾ ਦੇ ਪ੍ਰਧਾਨ ਜਸਪਾਲ ਸਿੰਘ ਪਿੰਕੀ ਸ਼ਾਮਿਲ ਸਨ। ਇਸ ਮੌਕੇ ਸ਼ਮੂਲੀਅਤ ਕਰਨ ਵਾਲਿਆਂ ’ਚ ਹਰਜੀਤ ਸਿੰਘ ਖ਼ਾਲਸਾ, ਗੁਰਜੀਤ ਸਿੰਘ ਰੁਮਾਣਾ, ਗੁਰਸ਼ਰਨ ਸਿੰਘ ਕੈਨੇਡਾ, ਡਾ. ਪੂਰਨ ਸਿੰਘ, ਦਲੇਰ ਸਿੰਘ ਜੋਸ਼, ਡਾ. ਇੰਦਰਜੀਤ ਸਿੰਘ ਵਾਸੂ, ਗੁਰਦੁਆਰਾ ਦਮਦਮਾ ਸਾਹਿਬ ਦੁੱਗਰੀ ਦੇ ਪ੍ਰਧਾਨ ਸੁਖਵਿੰਦਰ ਸਿੰਘ ਸਵਰਨ ਸਿੰਘ, ਚਰਨਜੀਤ ਸਿੰਘ ਚੰਨ, ਅਜੀਤ ਸਿੰਘ, ਜੇ. ਪੀ. ਸਿੰਘ ਮੁਹਾਲੀ, ਪ੍ਰਿੰਸੀਪਲ ਰਣਜੀਤ ਸਿੰਘ, ਰਿਟਾਇਰਡ ਪ੍ਰਿੰਸੀਪਲ ਕੰਵਲਜੀਤ ਕੌਰ, ਹਰਵਿੰਦਰ ਕੌਰ, ਅਮਨਦੀਪ ਕੌਰ ਸੰਗਰੂਰ ਆਦਿਕ ਸ਼ਾਮਿਲ ਹੋਏ। ਇਸ ਤੋਂ ਇਲਾਵਾ ਸੁਖਜੀਤ ਕੌਰ, ਗੁਰਮੀਤ ਕੌਰ ਤੇ ਸਰਬਜੀਤ ਕੌਰ ਸਿਲਾਈ ਅਧਿਆਪਕਾ ਤੇ ਜੱਜਾਂ ਦਾ ਵੀ ਸਨਮਾਨ ਕੀਤਾ। ਇੰਦਰਪਾਲ ਸਿੰਘ ਡਾਇਰੈਕਟਰ ਨਨਕਾਣਾ ਸਾਹਿਬ ਐਜੂਕੇਸ਼ਨ ਟਰੱਸਟ ਨੇ ਧੰਨਵਾਦ ਕਰਦਿਆਂ ਭਾਈ ਸਾਹਿਬ ਦੀਆਂ ਕਵਿਤਾਵਾਂ ’ਚੋਂ ਹਵਾਲੇ ਸਾਂਝੇ ਕੀਤੇ। ਕੈਨੇਡਾ ਤੋਂ ਸੰਗੀਤ ਅਧਿਆਪਕਾ ਸੁਖਵਿੰਦਰ ਕੌਰ ਨੇ ‘ਡਾਲੀ ਨਾਲੋਂ ਤੋੜ ਨਾ ਸਾਨੂੰ ਅਸਾਂ ਹੱਟ ਮਹਿਕ ਦੀ ਲਾਈ’ ਕਾਵਿ ਦਾ ਗਾਇਣ ਕੀਤਾ। ਇਸ ਮੌਕੇ ਸਿੱਖ ਬੁੱਕ ਸੈਂਟਰ ਵਲੋਂ ਪੁਸਤਕਾਂ ਦੀ ਪ੍ਰਦਰਸ਼ਨੀ ਵੀ ਲਗਾਈ ਗਈ। ਗੁਰੂ ਨਾਨਕ ਇੰਟਰਨੈਸ਼ਨਲ ਪਬਲਿਕ ਸਕੂਲ ਦੀ ਟੀਮ ਵਲੋਂ ਸ਼ਬਦ ਦੇ ਇਲਾਹੀ ਗਾਇਣ ਨਾਲ ਸਮਾਗਮ ਦੀ ਸਮਾਪਤੀ ਹੋਈ।

ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਵਲੋਂ ਕਰਵਾਏ ਵਿਸ਼ੇਸ਼ ਸਮਾਗਮ ਦੌਰਾਨ ਸਨਮਾਨਿਤ ਬੱਚਿਆਂ ਨਾਲ ਪ੍ਰਬੰਧਕ। ਅਜੀਤ ਤਸਵੀਰ

ਡਰਾਈਵਰ ਖ਼ਿਲਾਫ਼ ਕੇਸ ਦਰਜ

ਲੁਧਿਆਣਾ, 8 ਦਸੰਬਰ (ਪਰਮਿੰਦਰ ਸਿੰਘ ਆਹੂਜਾ)-ਪੁਲਿਸ ਨੇ ਸੰਜੀਵ ਕੁਮਾਰ ਵਾਸੀ ਜਮਾਲਪੁਰ ਦੀ ਸ਼ਿਕਾਇਤ ’ਤੇ ਡਰਾਈਵਰ ਸੋਹਨ ਲਾਲ ਖ਼ਿਲਾਫ਼ ਕੇਸ ਦਰਜ ਕੀਤਾ ਹੈ। ਪੁਲਿਸ ਕੋਲ ਲਿਖਵਾਈ ਮੁੱਢਲੀ ਰਿਪੋਰਟ ’ਚ ਸ਼ਿਕਾਇਤਕਰਤਾ ਨੇ ਦੱਸਿਆ ਕਿ ਉਹ ਟਰਾਂਸਪੋਰਟ ਦਾ ਕੰਮ ਕਰਦਾ ਹੈ ਤੇ ਕਥਿਤ ਦੋਸ਼ੀ ਨੂੰ ਲੱਖਾਂ ਰੁਪਏ ਦਾ ਮਾਲ ਦੇ ਕੇ ਟਰੱਕ ਰਾਹੀਂ ਭੇਜਿਆ ਸੀ, ਪਰ ਕਥਿਤ ਦੋਸ਼ੀ ਵਲੋਂ ਰਸਤੇ ’ਚੋਂ ਹੀ ਇਹ ਮਾਲ ਚੋਰੀ ਕਰ ਲਿਆ ਗਿਆ। ਪੁਲਿਸ ਵਲੋਂ ਜਾਂਚ ਕੀਤੀ ਜਾ ਰਹੀ ਹੈ।

ਮੋਟਰਸਾਈਕਲ ਚੋਰੀ

ਸਥਾਨਕ ਵੀਰ ਪੈਲੇਸ ਨੇੜਿਓਂ ਚੋਰਾਂ ਵਲੋਂ ਨਵੀਨ ਵਰਮਾ ਵਾਸੀ ਸਰਪੰਚ ਕਾਲੋਨੀ ਦਾ ਮੋਟਰਸਾਈਕਲ ਚੋਰੀ ਕਰ ਲਿਆ ਗਿਆ। ਪੁਲਿਸ ਵਲੋਂ ਇਸ ਸੰਬੰਧੀ ਕੇਸ ਦਰਜ ਕਰ ਲਿਆ ਹੈ।

CMYK